ਵਿਦਿਆਰਥੀ ਤ੍ਰਿਪਤਪਾਲ ਸਿੰਘ ਨੂੰ 3 ਲੱਖ ਰੁਪਏ ਦਾ ਚੈੱਕ ਭੇਟ ਕਰ ਰਹੇ ਸੈਣੀ ਭਵਨ ਦੇ ਪ੍ਰਬੰਧਕ।

ਆਈ.ਆਈ.ਐਮ. ਰਾਏਪੁਰ ਵਿਚ ਐਮ.ਬੀ.ਏ. ਕਰ ਰਹੇ ਵਿਦਿਆਰਥੀ ਨੂੰ 3 ਲੱਖ ਰੁਪਏ ਦਾ ਐਲ. ਆਰ. ਮੁੰਡਰਾ ਮੈਮੋਰੀਅਲ ਸਕਾਲਰਸ਼ਿਪ

ਰੂਪਨਗਰ, 19 ਅਕਤੂਬਰ (ਸਤਨਾਮ ਸਿੰਘ ਸੱਤੀ)-ਸੈਣੀ ਚੈਰੀਟੇਬਲ ਐਜੂਕੇਸ਼ਨ ਟਰੱਸਟ (ਰਜਿ.) ਸੈਣੀ ਭਵਨ ਵਲੋਂ ਸਾਲ 2025-26 ਲਈ ਐਲ. ਆਰ. ਮੁੰਡਰਾ ਮੈਮੋਰਿਅਲ ਸਕਾਲਰਸ਼ਿਪ ਆਈ.ਆਈ.ਐਮ. ਰਾਏਪੁਰ (ਛੱਤੀਸਗੜ੍ਹ) ਵਿਚ ਐਮ.ਬੀ.ਏ. ਕਰ ਰਹੇ ਵਿਦਿਆਰਥੀ ਤ੍ਰਿਪਤਪਾਲ ਸਿੰਘ ਨੂੰ ਦਿੱਤਾ ਗਿਆ। ਵਿਦਿਆਰਥੀ ਨੂੰ ਪਹਿਲੇ ਸਾਲ ਲਈ 3 ਲੱਖ ਰੁਪਏ ਦਾ ਚੈੱਕ 'ਆਪਣਾ ਘਰ' ਹਵੇਲੀ ਕਲਾਂ ਵਿਖੇ ਸੈਣੀ ਭਵਨ ਦੀ ਪ੍ਰਬੰਧਕ ਕਮੇਟੀ ਦੀ ਹਾਜ਼ਰੀ ਵਿਚ ਭੇਟ ਕੀਤਾ ਗਿਆ। ਇਸ ਮੌਕੇ ਉਸਦੇ ਪਿਤਾ ਨਰਿੰਦਰ ਸਿੰਘ ਸੈਣੀ, ਮਾਤਾ ਡਿੰਪਲ ਸੈਣੀ, ਤਾਇਆ ਤੇਜਿੰਦਰ ਸਿੰਘ, ਅਤੇ ਸਥਾਨਕ ਰਿਸ਼ਤੇਦਾਰ ਠੇਕੇਦਾਰ ਰੋਸ਼ਨ ਸਿੰਘ ਤੇ ਗੁਰਦੇਵ ਸਿੰਘ ਵੀ ਮੌਜੂਦ ਸਨ। ਟਰੱਸਟ ਦੇ ਪ੍ਰਧਾਨ ਰਾਜਿੰਦਰ ਸੈਣੀ ਨੇ ਦੱਸਿਆ ਕਿ ਇਹ ਵਜ਼ੀਫ਼ਾ ਸਵਰਗੀ ਐਲ. ਆਰ. ਮੁੰਡਰਾ ਵਲੋਂ ਨਿਰਧਾਰਤ ਸ਼ਰਤਾਂ ਅਨੁਸਾਰ ਉਸ ਵਿਦਿਆਰਥੀ ਨੂੰ ਮਿਲਦਾ ਹੈ, ਜੋ ਸੈਣੀ ਬਰਾਦਰੀ ਨਾਲ ਸਬੰਧਿਤ ਹੋਵੇ ਅਤੇ ਦੇਸ਼ ਦੇ ਕਿਸੇ ਸਰਵੋਤਮ ਸਿੱਖਿਆ ਅਦਾਰੇ ਵਿਚ ਪੜ੍ਹਾਈ ਜਾਂ ਖੋਜ ਕਰ ਰਿਹਾ ਹੋਵੇ। ਟਰੱਸਟ ਦੇ ਚੇਅਰਮੈਨ ਬਲਬੀਰ ਸਿੰਘ ਸੈਣੀ ਨੇ ਤ੍ਰਿਪਤਪਾਲ ਸਿੰਘ ਨੂੰ ਇਹ ਸਕਾਲਰਸ਼ਿਪ ਹਾਸਲ ਕਰਨ 'ਤੇ ਵਧਾਈ ਦਿੱਤੀ ਅਤੇ ਕਿਹਾ ਕਿ ਉਹ ਆਪਣੀ ਪੜ੍ਹਾਈ ਵਿਚ ਚੰਗੇ ਨਤੀਜੇ ਪ੍ਰਾਪਤ ਕਰਕੇ ਅਗਲੇ ਸਾਲ ਵੀ ਇਸ ਸਨਮਾਨ ਦਾ ਹੱਕਦਾਰ ਬਣ ਸਕਦਾ ਹੈ। ਤ੍ਰਿਪਤਪਾਲ ਦੀ ਚੋਣ 5 ਮੈਂਬਰੀ ਕਮੇਟੀ ਨੇ 9 ਉਮੀਦਵਾਰਾਂ ਵਿਚੋਂ ਮੈਰਿਟ ਆਧਾਰਿਤ ਕੀਤੀ ਹੈ। ਇਸ ਮੌਕੇ ਐਕਟਿੰਗ ਪ੍ਰਧਾਨ ਰਾਜਿੰਦਰ ਸਿੰਘ ਨਨੂਆ, ਗੁਰਮੁੱਖ ਸਿੰਘ ਸੈਣੀ, ਰਾਮ ਸਿੰਘ ਸੈਣੀ, ਦੇਵਿੰਦਰ ਸਿੰਘ ਜਟਾਣਾ, ਅਮਰਜੀਤ ਸਿੰਘ, ਬਹਾਦਰਜੀਤ ਸਿੰਘ, ਰਾਜਿੰਦਰ ਸਿੰਘ ਗਿਰਨ, ਜਗਦੇਵ ਸਿੰਘ, ਦਲਜੀਤ ਸਿੰਘ, ਸੁਰਿੰਦਰ ਸਿੰਘ, ਭੁਪਿੰਦਰ ਸਿੰਘ ਆਦਿ ਮੈਂਬਰ ਵੀ ਮੌਜੂਦ ਸਨ।

ਅਕਾਲ ਪੁਰਖ ਕੀ ਫ਼ੌਜ ਗੱਤਕਾ ਕਲੱਬ ਦੇ ਖਿਡਾਰੀਆਂ ਨੇ ਨੈਸ਼ਨਲ ਪੱਧਰ 'ਤੇ ਚਮਕਾਇਆ ਨਾਂਅ

ਰੂਪਨਗਰ, 19 ਅਕਤੂਬਰ (ਸਤਨਾਮ ਸਿੰਘ ਸੱਤੀ)-ਛੱਤੀਸਗੜ੍ਹ ਵਿਚ ਨੈਸ਼ਨਲ ਗੱਤਕਾ ਐਸੋਸੀਏਸ਼ਨ ਆਫ਼ ਇੰਡੀਆ ਵਲੋਂ ਕਰਵਾਈ ਨੈਸ਼ਨਲ ਗੱਤਕਾ ਚੈਂਪੀਅਨਸ਼ਿਪ ਵਿਚ ਰੂਪਨਗਰ ਦੇ ਅਕਾਲ ਪੁਰਖ ਕੀ ਫ਼ੌਜ ਗੱਤਕਾ ਕਲੱਬ ਦੇ ਖਿਡਾਰੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਕਈ ਤਗਮੇ ਆਪਣੇ ਨਾਮ ਕੀਤੇ। ਕਲੱਬ ਦੇ ਅਰਮਾਨ ਸਿੰਘ ਅਤੇ ਬਲਜੋਤ ਸਿੰਘ ਨੇ ਅੰਡਰ-14 ਫਰੀ ਸੋਟੀ ਮੁਕਾਬਲੇ ਵਿਚ ਬਰੌਂਜ਼ ਤਮਗ਼ਾ ਜਿੱਤਿਆ, ਜਦਕਿ ਸਮਰ ਧੀਮਾਨ ਅਤੇ ਗੁਰਬਾਜ਼ ਸਿੰਘ ਨੇ ਅੰਡਰ-14 ਸਿੰਗਲ ਸੋਟੀ ਈਵੈਂਟ ਵਿਚ ਸਿਲਵਰ ਤਮਗ਼ਾ ਹਾਸਲ ਕੀਤਾ। ਇਸ ਤੋਂ ਇਲਾਵਾ, ਜਸਪਾਲ ਸਿੰਘ ਨੇ ਅੰਡਰ-25 ਫਰੀ ਸੋਟੀ ਕੈਟਾਗਰੀ ਵਿਚ ਸਿਲਵਰ ਤਮਗ਼ਾ ਪ੍ਰਾਪਤ ਕਰਕੇ ਖੇਤਰ ਦਾ ਨਾਂਅ ਰੌਸ਼ਨ ਕੀਤਾ। ਕਲੱਬ ਦੇ ਮੁਖੀ ਕਮਲਪ੍ਰੀਤ ਸਿੰਘ ਨੇ ਖਿਡਾਰੀਆਂ ਨੂੰ ਉਨ੍ਹਾਂ ਦੀ ਪ੍ਰਾਪਤੀ 'ਤੇ ਵਧਾਈ ਦਿੰਦਿਆਂ ਕਿਹਾ ਕਿ ਇਹ ਜਿੱਤ ਹੋਰ ਨੌਜਵਾਨਾਂ ਲਈ ਪ੍ਰੇਰਨਾ ਦਾ ਸਰੋਤ ਹੈ ਅਤੇ ਕਲੱਬ ਦੇ ਖਿਡਾਰੀ ਅਗਲੇ ਸਮੇਂ ਵਿਚ ਹੋਰ ਵੱਡੀਆਂ ਸਫਲਤਾਵਾਂ ਹਾਸਲ ਕਰਨਗੇ। ਇਸ ਮੌਕੇ 'ਤੇ ਕਲੱਬ ਦੇ ਸੇਵਾਦਾਰ ਕਮਲਪ੍ਰੀਤ ਸਿੰਘ, ਜਸਪਾਲ ਸਿੰਘ, ਪਰਮਿੰਦਰ ਕੌਰ, ਸੰਦੀਪ ਕੌਰ, ਅਵਿਨਾਸ਼ ਕੌਰ, ਗੁਰਪ੍ਰੀਤ ਕੌਰ, ਰੁਲਦਾ ਸਿੰਘ ਜੀ, ਬ੍ਰਹਮਜੋਤ ਸਿੰਘ ਅਤੇ ਹੋਰ ਪਤਵੰਤੇ ਸੱਜਣ ਹਾਜ਼ਰ ਸਨ।

ਕੌਮੀ ਪੱਧਰ ਦੇ ਮੁਕਾਬਲੇ ਵਿਚ ਮੈਡਲ ਹਾਸਿਲ ਕਰਨ ਮੌਕੇ ਅਕਾਲ ਪੁਰਖ ਕੀ ਫ਼ੌਜ ਗਤਕਾ ਕਲੱਬ ਦੇ ਖਿਡਾਰੀ।

ਪਿੰਡ ਹਰੀਪੁਰ ਫੂਲੜੇ ਵਿਖੇ ਦੁੱਧ ਉਤਪਾਦਕਾਂ ਨੂੰ ਮੁਨਾਫ਼ਾ ਵੰਡਣ ਮੌਕੇ ਪ੍ਰਧਾਨ ਬਾਬੂ ਕਸ਼ਮੀਰੀ ਲਾਲ ਹਰੀਪੁਰ ਤੇ ਐਮ.ਪੀ.ਏ. ਰਮਨਪ੍ਰੀਤ ਸਿੰਘ ਬੈਂਸ, ਰਾਜਵੀਰ ਸਿੰਘ ਨਾਲ ਸਕੱਤਰ ਅਮਰੀਕ ਸਿੰਘ ਚਾਹਲ ਤੇ ਹੋਰ। ਤਸਵੀਰ ਵਿੰਦਰਪਾਲ ਝਾਂਡੀਆਂ

ਦੀ ਦੁੱਧ ਉਤਪਾਦਕ ਸਹਿਕਾਰੀ ਸਭਾ ਹਰੀਪੁਰ ਫੂਲੜੇ ਵਲੋਂ ਮੁਨਾਫ਼ਾ ਵੰਡ ਸਮਾਗਮ ਕਰਵਾਇਆ

ਨੂਰਪੁਰ ਬੇਦੀ, 19 ਅਕਤੂਬਰ (ਵਿੰਦਰਪਾਲ ਝਾਂਡੀਆਂ)-ਦੀ ਦੁੱਧ ਉਤਪਾਦਕ ਸਹਿਕਾਰੀ ਸਭਾ ਪਿੰਡ ਹਰੀਪੁਰ ਫੂਲੜੇ ਵਲੋਂ ਸਭਾ ਦੇ ਪ੍ਰਧਾਨ ਬਾਬੂ ਕਸ਼ਮੀਰੀ ਲਾਲ ਹਰੀਪੁਰ ਦੀ ਅਗਵਾਈ 'ਚ ਆਪਣੇ ਦੁੱਧ ਉਤਪਾਦਕਾਂ ਨੂੰ ਮੁਨਾਫ਼ਾ ਵੰਡਣ ਲਈ ਸਮਾਗਮ ਕਰਵਾਇਆ ਗਿਆ। ਜਿਸ ਵਿਚ ਵਿਸ਼ੇਸ਼ ਤੌਰ 'ਤੇ ਵੇਰਕਾ ਮਿਲਕ ਪਲਾਂਟ ਦੇ ਐਮ ਪੀ ਏ ਰਮਨਪ੍ਰੀਤ ਸਿੰਘ ਬੈਂਸ ਤੇ ਰਾਜਵੀਰ ਸਿੰਘ ਨੇ ਵੀ ਸ਼ਿਰਕਤ ਕੀਤੀ। ਇਸ ਮੌਕੇ 'ਤੇ ਮੁਨਾਫ਼ਾ ਵੰਡਣ ਦੀ ਰਸਮ ਸਭਾ ਦੇ ਪ੍ਰਧਾਨ ਬਾਬੂ ਕਸ਼ਮੀਰੀ ਲਾਲ ਹਰੀਪੁਰ ਨੇ ਐਮ ਪੀ ਏ ਰਮਨਪ੍ਰੀਤ ਸਿੰਘ ਬੈਂਸ ਤੇ ਰਾਜਵੀਰ ਸਿੰਘ ਨੂੰ ਨਾਲ ਲੈਕੇ ਅਦਾ ਕੀਤੀ। ਇਸ ਮੌਕੇ 'ਤੇ ਉਨ੍ਹਾਂ ਨੇ ਸਭਾ ਦਾ ਕੁੱਲ ਸ਼ੁੱਧ ਮੁਨਾਫ਼ਾ 3 ਲੱਖ 10,000 ਰੁਪਏ ਦੀ ਰਾਸ਼ੀ ਦਾ ਮੁਨਾਫ਼ਾ ਦੁੱਧ ਉਤਪਾਦਕਾਂ ਨੂੰ ਤਕਸੀਮ ਕੀਤਾ। ਇਸ ਮੌਕੇ 'ਤੇ ਸੰਬੋਧਨ ਕਰਦਿਆਂ ਬਾਬੂ ਕਸ਼ਮੀਰੀ ਲਾਲ ਨੇ ਕਿਹਾ ਕਿ ਸਾਨੂੰ ਸਾਰਿਆਂ ਨੂੰ ਮਿਲਕ ਪਲਾਟ ਵਲੋਂ ਪਸ਼ੂ ਪਾਲਕਾਂ ਲਈ ਦਿੱਤੀਆਂ ਜਾਣ ਵਾਲੀਆਂ ਸਹੂਲਤਾਂ ਤੇ ਭਲਾਈ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਉਠਾਉਣਾ ਚਾਹੀਦਾ ਹੈ। ਉਨਾਂ ਨੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਡੇਅਰੀ ਫਾਰਮਿੰਗ ਇੱਕ ਲਾਹੇਵੰਦ ਕਿੱਤਾ ਹੈ, ਇਸ ਨੂੰ ਅਪਣਾਕੇ ਆਪਣੀ ਆਰਥਿਕਤਾ ਨੂੰ ਮਜ਼ਬੂਤ ਕਰਨ। ਐਮ.ਪੀ. ਏ ਰਮਨਪ੍ਰੀਤ ਸਿੰਘ ਬੈਂਸ ਤੇ ਰਾਜਵੀਰ ਸਿੰਘ ਨੇ ਵੇਰਕਾ ਮਿਲਕ ਪਲਾਂਟ ਵਲੋਂ ਦੁੱਧ ਉਤਪਾਦਕਾਂ ਨੂੰ ਮੁਹੱਈਆ ਕਰਵਾਈ ਜਾ ਰਹਿਆਂ ਭਲਾਈ ਸਕੀਮਾਂ ਸਬੰਧੀ ਵਿਸਥਾਰ ਨਾਲ ਦੱਸਿਆ। ਉਨਾਂ ਨੇ ਇਹ ਵੀ ਕਿਹਾ ਕਿ ਪਸ਼ੂਆਂ ਦੀ ਚੁਆਈ ਕਰਨ ਸਮੇਂ ਸਾਫ਼ ਸਫ਼ਾਈ ਵੱਲ ਵਿਸ਼ੇਸ਼ ਤੌਰ 'ਤੇ ਧਿਆਨ ਦੇਣਾ ਚਾਹੀਦਾ ਹੈ। ਸਕੱਤਰ ਅਮਰੀਕ ਸਿੰਘ ਚਾਹਲ ਨੇ ਦੱਸਿਆ ਕਿ ਸਭ ਤੋਂ ਵੱਧ ਮੁਨਾਫ਼ਾ ਪ੍ਰਾਪਤ ਕਰਨ 'ਚ ਪਹਿਲਾਂ ਸਥਾਨ, ਜਰਨੈਲ ਸਿੰਘ ਨੇ ਗੁਰਨਾਮ ਸਿੰਘ ਦੂਸਰਾ, ਲੈ ਕੇ ਜਦਕਿ ਨੇ ਕਰਮਜੀਤ ਸਿੰਘ ਤੀਸਰਾ ਸਥਾਨ ਹਾਸਿਲ ਕੀਤਾ ਹੈ। ਇਸ ਮੌਕੇ ਸਭਾ ਦੇ ਬਾਬੂ ਕਸ਼ਮੀਰੀ ਲਾਲ ਹਰੀਪੁਰ, ਸਕੱਤਰ ਅਮਰੀਕ ਸਿੰਘ ਚਾਹਲ, ਰਾਮ ਸਿੰਘ, ਬਚਿੱਤਰ ਸਿੰਘ, ਬਲਮ ਸਿੰਘ, ਅਜੀਤ ਸਿੰਘ, ਭਜਨ ਲਾਲ ਸਮੇਤ ਕਾਫ਼ੀ ਗਿਣਤੀ 'ਚ ਦੁੱਧ ਉਤਪਾਦਕ ਹਾਜ਼ਰ ਸਨ।

ਰੰਗੋਲੀ ਸਜਾਉਂਦੇ ਗਰੀਨਵੇਜ਼ ਸਕੂਲ ਰੁੜਕੀ ਹੀਰਾਂ ਦੇ ਵਿਦਿਆਰਥੀ। ਤਸਵੀਰ: ਜਗਮੋਹਣ ਸਿੰਘ ਨਾਰੰਗ

ਗ੍ਰੀਨਵੇਜ਼ ਸਕੂਲ ਰੁੜਕੀ ਹੀਰਾਂ ਵਲੋਂ ਮਨਾਈ ਗਰੀਨ ਦੀਵਾਲੀ

ਸ੍ਰੀ ਚਮਕੌਰ ਸਾਹਿਬ,19 ਅਕਤੂਬਰ (ਜਗਮੋਹਣ ਸਿੰਘ ਨਾਰੰਗ)-ਨਜ਼ਦੀਕੀ ਪਿੰਡ ਰੁੜਕੀ ਹੀਰਾਂ ਦੇ ਗ੍ਰੀਨਵੇਜ ਸਕੂਲ ਵਿਖੇ ਦੀਵਾਲੀ ਦਾ ਤਿਉਹਾਰ ਮਨਾਇਆ ਗਿਆ, ਜਿਸ ਵਿਚ ਸਵੇਰ ਦੀ ਸਭਾ ਦੌਰਾਨ ਮਾ: ਬਲਤੇਜ ਸਿੰਘ ਨੇ ਬੱਚਿਆਂ ਨੂੰ ਦੀਵਾਲੀ ਅਤੇ ਬੰਦੀਛੋੜ ਦਿਵਸ ਦੇ ਇਤਿਹਾਸ ਬਾਰੇ ਦੱਸਿਆ ਅਤੇ ਪਟਾਕੇ ਨਾ ਚਲਾ ਕੇ ਗ੍ਰੀਨ ਦੀਵਾਲੀ ਮਨਾਉਣ ਦਾ ਸੰਦੇਸ਼ ਦਿੱਤਾ। ਛੋਟੇ ਵਿਦਿਆਰਥੀਆਂ ਵਲੋਂ ਫੈਂਸੀ ਡਰੈੱਸ ਤੇ ਡਾਂਸ ਦੀ ਪੇਸ਼ਕਾਰੀ ਕੀਤੀ। ਇਨ੍ਹਾਂ ਤੋਂ ਇਲਾਵਾ ਹਰ ਜਮਾਤ ਦੇ ਵਿਦਿਆਰਥੀਆਂ ਵਲੋਂ ਵੱਖੋ ਵਖਰੀਆਂ ਵਨਗੀਆ ਦੀ ਪੇਸ਼ਕਾਰੀ ਨਾਨ ਦੀਵਾਲੀ ਦੇ ਤਿਉਹਾਰ ਨੂੰ ਯਾਦਗਾਰੀ ਬਣਾ ਦਿੱਤਾ। ਸੰਸਥਾਂ ਦੇ ਐਮ. ਡੀ. ਹਰਜਿੰਦਰ ਸਿੰਘ ਮੱਲ੍ਹੀ ਵਿਦਿਆਰਥੀਆਂ ਅਤੇ ਮਾਪਿਆਂ ਦੀਵਾਲੀ ਤੇ ਬੰਦੀਛੋੜ ਦਿਵਸ ਦੀ ਵਧਾਈ ਦਿੱਤੀ। ਰਿਟਾ: ਫਲਾਈਟ ਲੈਫਟੀਨੈਂਟ ਗੁਰਮੁੱਖ ਸਿੰਘ ਮੱਲ੍ਹੀ, ਪ੍ਰਿੰਸੀਪਲ ਮੁਕੇਸ਼ ਅਗਰਵਾਲ, ਐਡਮਿਨ ਸੰਦੀਪ ਕੌਰ, ਸ੍ਰੀਮਤੀ ਨੀਸ਼ਾ ਠਾਕੁਰ ਤੇ ਸਮੂਹ ਸਟਾਫ਼ ਮੈਂਬਰਾਂ ਨੇ ਵਿਦਿਆਰਥੀਆਂ ਨੂੰ ਪਟਾਕਾ ਰਹਿਤ ਦੀਵਾਲੀ ਮਨਾਉਣ ਦੀ ਪ੍ਰੇਰਨਾ ਦਿੱਤੀ।

ਸਕੂਲੀ ਵਿਦਿਆਰਥਣਾਂ ਨੂੰ ਸਾਈਕਲ ਸੌਂਪਣ ਮੌਕੇ ਅਧਿਕਾਰੀ। (ਸੱਜੇ) ਸਾਈਕਲਾਂ 'ਤੇ ਸਕੂਲ ਤੋਂ ਘਰ ਨੂੰ ਰਵਾਨਾ ਹੋ ਰਹੇ ਬੱਚੇ। ਤਸਵੀਰ: ਅਜੀਤ

ਕੌਮੀ ਮਾਰਗ ਨਿਰਮਾਣ ਅਥਾਰਿਟੀ ਵਲੋਂ 55 ਸਕੂਲੀ ਵਿਦਿਆਰਥਣਾਂ ਨੂੰ ਸੌਂਪੇ ਸਾਈਕਲ

ਭਰਤਗੜ੍ਹ, 19 ਅਕਤੂਬਰ (ਜਸਬੀਰ ਸਿੰਘ ਬਾਵਾ)-ਕੌਮੀ ਮਾਰਗ ਨਿਰਮਾਣ ਅਥਾਰਿਟੀ, ਭਾਰਤ ਸਰਕਾਰ ਦੇ ਅਧਿਕਾਰੀਆਂ ਵਲੋਂ ਅੱਜ ਸਥਾਨਕ ਪੀ.ਐਮ ਸ. ਸੀ. ਸੈ. ਸਕੂਲ ਦੀਆਂ 55 ਵਿਦਿਆਰਥਣਾਂ ਨੂੰ ਸਾਈਕਲ ਦੇਣ ਦਾ ਉੱਦਮ ਕੀਤਾ। ਉਕਤ ਅਥਾਰਿਟੀ ਦੇ ਖੇਤਰੀ ਅਧਿਕਾਰੀ ਰਾਕੇਸ਼ ਕੁਮਾਰ, ਪ੍ਰੋਜੈਕਟ ਡਾਇਰੈਕਟਰ ਆਸ਼ਿਮ ਬਾਂਸਲ ਨੇ ਇਨ੍ਹਾਂ ਲੋੜਵੰਦ ਵਿਦਿਆਰਥਣਾਂ ਨੂੰ ਸਾਈਕਲ ਸੌਂਪੇ। ਇਨ੍ਹਾਂ ਕਿਹਾ ਕਿ ਉਕਤ ਵਿਦਿਆਰਥਣਾਂ ਨੂੰ ਸਾਈਕਲ ਮਿਲਣ ਮਗਰੋ ਘਰਾਂ ਤੋਂ ਸਕੂਲ ਅਤੇ ਘਰੋਂ ਸਕੂਲ ਪੁੱਜਣ ਅਤੇ ਸਕੂਲੋਂ ਘਰ ਪੁੱਜਣ ਵਾਸਤੇ ਸਹੂਲਤ ਮਿਲੇਗੀ। ਇਸ ਮੌਕੇ ਪ੍ਰਿੰ. ਰਮੇਸ਼ ਕੁਮਾਰ ਸਮੇਤ ਹੋਰ ਅਧਿਆਪਕ ਹਾਜ਼ਰ ਸਨ।

ਦੀਵਾਲੀ ਭਾਈਚਾਰੇ ਤੇ ਸਦਭਾਵਨਾ ਦੀ ਪ੍ਰਤੀਕ- ਵਿਧਾਇਕ ਦਿਨੇਸ਼ ਚੱਢਾ

ਨੂਰਪੁਰ ਬੇਦੀ, 19 ਅਕਤੂਬਰ (ਰਾਜੇਸ਼ ਚੌਧਰੀ ਤਖਤਗੜ੍ਹ)-ਰੂਪਨਗਰ ਹਲਕੇ ਦੇ ਵਿਧਾਇਕ ਐਡਵੋਕੇਟ ਦਿਨੇਸ਼ ਚੱਢਾ ਨੇ ਦੀਵਾਲੀ ਅਤੇ ਬੰਦੀਛੋੜ ਦਿਵਸ ਦੇ ਪਵਿੱਤਰ ਮੌਕੇ 'ਤੇ ਹਲਕੇ ਦੇ ਸਮੂਹ ਨਿਵਾਸੀਆਂ ਨੂੰ ਹਾਰਦਿਕ ਵਧਾਈਆਂ ਤੇ ਸ਼ੁੱਭਕਾਮਨਾਵਾਂ ਦਿੱਤੀਆਂ ਹਨ। ਵਿਧਾਇਕ ਚੱਢਾ ਨੇ ਆਪਣੇ ਸੰਦੇਸ਼ ਵਿਚ ਕਿਹਾ ਕਿ ਦੀਵਾਲੀ ਉਹ ਤਿਉਹਾਰ ਹੈ ਜੋ ਵੱਖ-ਵੱਖ ਧਰਮਾਂ ਤੇ ਸੰਪਰਦਾਵਾਂ ਦੇ ਲੋਕਾਂ ਵਿਚ ਪਿਆਰ, ਸਦਭਾਵਨਾ ਅਤੇ ਭਾਈਚਾਰੇ ਦੀ ਭਾਵਨਾ ਨੂੰ ਮਜ਼ਬੂਤ ਕਰਦਾ ਹੈ। ਇਹ ਤਿਉਹਾਰ ਸਾਨੂੰ ਸਚਾਈ, ਨੈਤਿਕਤਾ ਅਤੇ ਮਨੁੱਖਤਾ ਦੀ ਸੇਵਾ ਕਰਨ ਲਈ ਪ੍ਰੇਰਿਤ ਕਰਦਾ ਹੈ। ਉਨ੍ਹਾਂ ਕਿਹਾ ਕਿ ਸਾਨੂੰ ਦੀਵਾਲੀ ਦੇ ਅਸਲ ਸੰਦੇਸ਼ ਨੂੰ ਸਮਝਦਿਆਂ ਮਹਾਨ ਹਸਤੀਆਂ ਦੇ ਜੀਵਨ ਉਪਦੇਸ਼ਾਂ ਨੂੰ ਆਪਣੇ ਜੀਵਨ ਵਿਚ ਧਾਰਨ ਕਰਨਾ ਚਾਹੀਦਾ ਹੈ ਅਤੇ ਮਾਨਵਤਾ ਦੀ ਸੇਵਾ ਦੇ ਨੇਕ ਰਸਤੇ 'ਤੇ ਅੱਗੇ ਵਧਣਾ ਚਾਹੀਦਾ ਹੈ। ਵਿਧਾਇਕ ਚੱਢਾ ਨੇ ਕਿਹਾ ਕਿ ਇਹ ਤਿਉਹਾਰ ਹਰ ਇੱਕ ਦੇ ਜੀਵਨ ਵਿਚ ਖ਼ੁਸ਼ੀਆਂ, ਤੰਦਰੁਸਤੀ ਤੇ ਚੜ੍ਹਦੀ ਕਲਾ ਲਿਆਵੇ।

ਸਭਾ ਵੱਲੋਂ ਮੁਨਾਫ਼ਾ ਵੰਡੇ ਜਾਣ ਦੀ ਤਸਵੀਰ। ਤਸਵੀਰ: ਸ਼ਿਵ ਕੁਮਾਰ ਕਾਲੀਆ

ਦੁੱਧ ਉਤਪਾਦਕ ਸਭਾ ਗੰਭੀਰਪੁਰ ਨੇ ਮੁਨਾਫ਼ਾ ਵੰਡਿਆ

ਢੇਰ, 19 ਅਕਤੂਬਰ (ਸ਼ਿਵ ਕੁਮਾਰ ਕਾਲੀਆ)-ਦੀ ਦੁੱਧ ਉਤਪਾਦਕ ਸਹਿਕਾਰੀ ਸਭਾ ਗੰਭੀਰ ਪਰ (ਲੇਡੀ) ਵਲੋਂ ਅੱਜ ਆਪਣੇ ਮੈਂਬਰਾਂ ਨੂੰ ਮੁਨਾਫ਼ਾ ਵੰਡਿਆ ਗਿਆ। ਇਸ ਮੌਕੇ ਤੇ ਕੈਬਿਨਟ ਮੰਤਰੀ ਸਰਦਾਰ ਹਰਜੋਤ ਸਿੰਘ ਬੈਂਸ ਦੇ ਪਿਤਾ ਸੋਹਣ ਸਿੰਘ ਬੈਂਸ ਅਤੇ ਮਾਤਾ ਬਲਵਿੰਦਰ ਕੌਰ ਬੈਂਸ ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਏ, ਇਹ ਸਾਰਾ ਸਮਾਗਮ ਕੈਬਿਨਟ ਮੰਤਰੀ ਹਰਜੋਤ ਸਿੰਘ ਬੈਂਸ ਦੇ ਗ੍ਰਹਿ ਕੀਤਾ ਗਿਆ। ਇਸ ਮੌਕੇ ਤੇ ਹਾਜ਼ਰ ਲੋਕਾਂ ਨੂੰ ਸੰਬੋਧਨ ਕਰਦੇ ਹੋਏ, ਸੋਹਣ ਸਿੰਘ ਬੈਂਸ ਨੇ ਕਿਹਾ ਕਿ ਗੰਭੀਰ ਪਰ ਦੁੱਧ ਉਤਪਾਦਕ ਸਭਾ ਬਹੁਤ ਹੀ ਮਿਹਨਤੀ ਸਭਾ ਹੈ। ਜਿਸ ਦੀ ਸਕੱਤਰ ਕਰਮਜੀਤ ਕੌਰ ਵਧਾਈ ਦੀ ਪਾਤਰ ਹੈ, ਜੋ ਕਿ ਸਖ਼ਤ ਮਿਹਨਤ ਦੇ ਨਾਲ ਇਸ ਸਭਾ ਨੂੰ ਅੱਗੇ ਲੈ ਕੇ ਜਾ ਰਹੀ ਹੈ। ਉਨ੍ਹਾਂ ਅੱਜ ਇਸ ਮੌਕੇ ਤੇ ਮੁਨਾਫ਼ਾ ਪ੍ਰਾਪਤ ਕਰਨ ਵਾਲੇ ਸਾਰੇ ਮੈਂਬਰਾਂ ਨੂੰ ਮੁਬਾਰਕਾਂ ਦਿੱਤੀਆਂ। ਇਸ ਮੌਕੇ ਤੇ ਵਿਸ਼ੇਸ਼ ਤੌਰ ਤੇ ਹਾਜ਼ਰ ਹੋਏ ਸਰਦਾਰ ਨਰਿੰਦਰ ਸਿੰਘ ਡਿਪਟੀ ਵੇਰਕਾ ਨੇ ਹਾਜ਼ਰ ਲੋਕਾਂ ਨੂੰ ਮਹਿਕਮੇ ਵਲੋਂ ਦਿੱਤੀਆਂ ਜਾਂਦੀਆਂ ਸਹੂਲਤਾਂ ਵਾਂ ਬਾਰੇ ਚਾਨਣਾ ਪਾਇਆ। ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਏਰੀਆ ਇੰਚਾਰਜ ਸਤਬੀਰ ਸਿੰਘ ਭੱਠਲ, ਸਰਦਾਰ ਸ਼ੇਕਰ ਸਿੰਘ, ਐਮਪੀਏ ਰਾਹੁਲ ਸ਼ਰਮਾ, ਭੁਪਿੰਦਰ ਸਿੰਘ, ਸਭਾ ਦੀ ਪ੍ਰਧਾਨ ਪਰਮਜੀਤ ਕੌਰ, ਸਰਦਾਰ ਗੁਰਮੇਲ ਸਿੰਘ, ਲੇਖ ਰਾਮ ਆਦੀ ਵਿਸ਼ੇਸ਼ ਤੌਰ ਤੇ ਹਾਜ਼ਰ ਸਨ।

ਸ੍ਰੀ ਚਮਕੌਰ ਸਾਹਿਬ ਵਿਖੇ ਕਰਵਾਏ ਸਮਾਗਮ ਦੀਆਂ ਤਸਵੀਰਾਂ। ਤਸਵੀਰਾਂ: ਜਗਮੋਹਣ ਸਿੰਘ ਨਾਰੰਗ

ਵਨ ਬੀਟ ਮੈਡੀਕਲ ਗਰੁੱਪ ਵਲੋਂ ਕਰਵਾਇਆ ਗੁਰਮਤਿ ਸਮਾਗਮ

ਵੱਖ-ਵੱਖ ਧਰਮਾਂ ਦੇ ਮਹਾਂਪੁਰਸ਼ਾਂ ਪੁੱਜ ਕੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਸ਼ਹਾਦਤ ਨੂੰ ਕੀਤਾ ਸਿਜਦਾ

ਸ੍ਰੀ ਚਮਕੌਰ ਸਾਹਿਬ, 19 ਅਕਤੂਬਰ (ਜਗਮੋਹਣ ਸਿੰਘ ਨਾਰੰਗ)-ਵਨ ਵੀਟ